ਗਉੜੀ ਸੁਖਮਨੀ (266-16, ਗਉੜੀ ਸੁਖਮਨੀ, ਮਃ 5)

ਤੂ ਠਾਕੁਰੁ ਤੁਮ ਪਹਿ ਅਰਦਾਸਿ ॥ ਜੀਉ ਪਿੰਡੁ ਸਭੁ ਤੇਰੀ ਰਾਸਿ ॥ ਤੁਮ ਮਾਤ ਪਿਤਾ ਹਮ ਬਾਰਿਕ ਤੇਰੇ ॥ ਤੁਮਰੀ ਕ੍ਰਿਪਾ ਮਹਿ ਸੂਖ ਘਨੇਰੇ ॥ ਕੋਇ ਨ ਜਾਨੈ ਤੁਮਰਾ ਅੰਤੁ ॥ ਊਚੇ ਤੇ ਊਚਾ ਭਗਵੰਤ ॥ ਸਗਲ ਸਮਗ੍ਰੀ ਤੁਮਰੈ ਸੂਤ੍ਰਿ ਧਾਰੀ ॥ ਤੁਮ ਤੇ ਹੋਇ ਸੁ ਆਗਿਆਕਾਰੀ ॥ ਤੁਮਰੀ ਗਤਿ ਮਿਤਿ ਤੁਮ ਹੀ ਜਾਨੀ ॥ ਨਾਨਕ ਦਾਸ ਸਦਾ ਕੁਰਬਾਨੀ ॥੮॥੪॥

ਚੰਡੀ ਦੀ ਵਾਰ

ੴ ਸ੍ਰੀ ਵਾਹਿਗੁਰੂ ਜੀ ਕੀ ਫਤਹ ॥ ਸ੍ਰੀ ਭਗਉਤੀ ਜੀ ਸਹਾਇ ॥ ਵਾਰ ਸ੍ਰੀ ਭਗਉਤੀ ਜੀ ਕੀ ॥ ਪਾਤਸਾਹੀ ੧੦ ॥ ਪ੍ਰਿਥਮ ਭਗੌਤੀ ਸਿਮਰਿ ਕੈ ਗੁਰੁ ਨਾਨਕ ਲਈਂ ਧਿਆਇ ॥ ਫਿਰ ਅੰਗਦ ਗੁਰ ਤੇ ਅਮਰਦਾਸੁ ਰਾਮਦਾਸੈ ਹੋਈਂ ਸਹਾਇ ॥ ਅਰਜਨ ਹਰਿਗੋਬਿੰਦ ਨੋ ਸਿਮਰੌਂ ਸ੍ਰੀ ਹਰਿਰਾਇ ॥ਸ੍ਰੀ ਹਰਿ ਕਿਸ਼ਨ ਧਿਆਈਐ ਜਿਸ ਡਿਠੇ ਸਭਿ ਦੁਖਿ ਜਾਇ ॥ ਤੇਗ ਬਹਾਦਰ ਸਿਮਰਿਐ ਘਰ ਨਉ ਨਿਧਿ ਆਵੈ ਧਾਇ ॥ ਸਭ ਥਾਈਂ ਹੋਇ ਸਹਾਇ ॥ ੧॥

(1152-6, ਭੈਰਉ, ਮਃ 5) (749-13, ਸੂਹੀ, ਮਃ 5)

ਦੁਇ ਕਰ ਜੋਰਿ ਕਰਉ ਅਰਦਾਸਿ ॥ ਜੀਉ ਪਿੰਡੁ ਧਨੁ ਤਿਸ ਕੀ ਰਾਸਿ ॥ ਸੋਈ ਮੇਰਾ ਸੁਆਮੀ ਕਰਨੈਹਾਰੁ ॥ ਕੋਟਿ ਬਾਰ ਜਾਈ ਬਲਿਹਾਰ ॥੧॥

ਤੁਧੁ ਚਿਤਿ ਆਏ ਮਹਾ ਅਨੰਦਾ ਜਿਸੁ ਵਿਸਰਹਿ ਸੋ ਮਰਿ ਜਾਏ ॥ ਦਇਆਲੁ ਹੋਵਹਿ ਜਿਸੁ ਊਪਰਿ ਕਰਤੇ ਸੋ ਤੁਧੁ ਸਦਾ ਧਿਆਏ ॥੧॥ ਮੇਰੇ ਸਾਹਿਬ ਤੂੰ ਮੈ ਮਾਣੁ ਨਿਮਾਣੀ ॥ ਅਰਦਾਸਿ ਕਰੀ ਪ੍ਰਭ ਅਪਨੇ ਆਗੈ ਸੁਣਿ ਸੁਣਿ ਜੀਵਾ ਤੇਰੀ ਬਾਣੀ ॥੧॥ ਰਹਾਉ ॥ ਚਰਣ ਧੂੜਿ ਤੇਰੇ ਜਨ ਕੀ ਹੋਵਾ ਤੇਰੇ ਦਰਸਨ ਕਉ ਬਲਿ ਜਾਈ ॥ ਅੰਮ੍ਰਿਤ ਬਚਨ ਰਿਦੈ ਉਰਿ ਧਾਰੀ ਤਉ ਕਿਰਪਾ ਤੇ ਸੰਗੁ ਪਾਈ ॥੨॥ ਅੰਤਰ ਕੀ ਗਤਿ ਤੁਧੁ ਪਹਿ ਸਾਰੀ ਤੁਧੁ ਜੇਵਡੁ ਅਵਰੁ ਨ ਕੋਈ ॥ ਜਿਸ ਨੋ ਲਾਇ ਲੈਹਿ ਸੋ ਲਾਗੈ ਭਗਤੁ ਤੁਹਾਰਾ ਸੋਈ ॥੩॥ ਦੁਇ ਕਰ ਜੋੜਿ ਮਾਗਉ ਇਕੁ ਦਾਨਾ ਸਾਹਿਬਿ ਤੁਠੈ ਪਾਵਾ ॥ ਸਾਸਿ ਸਾਸਿ ਨਾਨਕੁ ਆਰਾਧੇ ਆਠ ਪਹਰ ਗੁਣ ਗਾਵਾ ॥

Mere Sahib.mp3

ਸੂਹੀ ਮਹਲਾ ੫ ॥ (742-1, ਸੂਹੀ, ਮਃ 5)

ਦਰਸਨੁ ਦੇਖਿ ਜੀਵਾ ਗੁਰ ਤੇਰਾ ॥ ਪੂਰਨ ਕਰਮੁ ਹੋਇ ਪ੍ਰਭ ਮੇਰਾ ॥੧॥ ਇਹ ਬੇਨੰਤੀ ਸੁਣਿ ਪ੍ਰਭ ਮੇਰੇ ॥ ਦੇਹਿ ਨਾਮੁ ਕਰਿ ਅਪਣੇ ਚੇਰੇ ॥੧॥ ਰਹਾਉ ॥ ਅਪਣੀ ਸਰਣਿ ਰਾਖੁ ਪ੍ਰਭ ਦਾਤੇ ॥ ਗੁਰ ਪ੍ਰਸਾਦਿ ਕਿਨੈ ਵਿਰਲੈ ਜਾਤੇ ॥੨॥ ਸੁਨਹੁ ਬਿਨਉ ਪ੍ਰਭ ਮੇਰੇ ਮੀਤਾ ॥ ਚਰਣ ਕਮਲ ਵਸਹਿ ਮੇਰੈ ਚੀਤਾ ॥੩॥ ਨਾਨਕੁ ਏਕ ਕਰੈ ਅਰਦਾਸਿ ॥

## " ਸੰਗਤ ਦੀ ਅਰਦਾਸਿ "

ਪਵਣੁ ਗੁਰੂ ਪਾਣੀ ਪਿਤਾ ਮਾਤਾ ਧਰਤਿ ਮਹਤੁ ॥ ਦਿਵਸੁ ਰਾਤਿ ਦੁਇ ਦਾਈ ਦਾਇਆ ਖੇਲੈ ਸਗਲ ਜਗਤੁ ॥
ਚੰਗਿਆਈਆ ਬੁਰਿਆਈਆ ਵਾਚੈ ਧਰਮੁ ਹਦੂਰਿ ॥ ਕਰਮੀ ਆਪੋ ਆਪਣੀ ਕੇ ਨੇੜੈ ਕੇ ਦੂਰਿ ॥
ਜਿਨੀ ਨਾਮੁ ਧਿਆਇਆ ਗਏ ਮਸਕਤਿ ਘਾਲਿ ॥ ਨਾਨਕ ਤੇ ਮੁਖ ਉਜਲੇ ਕੇਤੀ ਛੁਟੀ ਨਾਲਿ ॥੧॥